ਰਾਮਕਲੀ ਮਹਲਾ ੧
ਸਿਧ ਗੋਸਟਿ
ੴ ਸਤਿਗੁਰ ਪ੍ਰਸਾਦਿ ॥

ਸਿਧ ਸਭਾ ਕਰਿ ਆਸਣਿ ਬੈਠੇ ਸੰਤ ਸਭਾ ਜੈਕਾਰੋ ॥ ਤਿਸੁ ਆਗੈ ਰਹਰਾਸਿ ਹਮਾਰੀ ਸਾਚਾ ਅਪਰ ਅਪਾਰੋ ॥ ਮਸਤਕੁ ਕਾਟਿ ਧਰੀ ਤਿਸੁ ਆਗੈ ਤਨੁ ਮਨੁ ਆਗੈ ਦੇਉ ॥ ਨਾਨਕ ਸੰਤੁ ਮਿਲੈ ਸਚੁ ਪਾਈਐ ਸਹਜ ਭਾਇ ਜਸੁ ਲੇਉ ॥੧॥ ਕਿਆ ਭਵੀਐ ਸਚਿ ਸੂਚਾ ਹੋਇ ॥ ਸਾਚ ਸਬਦ ਬਿਨੁ ਮੁਕਤਿ ਨ ਕੋਇ ॥੧॥ ਰਹਾਉ ॥

ਕਵਨ ਤੁਮੇ ਕਿਆ ਨਾਉ ਤੁਮਾਰਾ ਕਉਨੁ

ਮਾਰਗੁ ਕਉਨੁ ਸੁਆਓ ॥ ਸਾਚੁ ਕਹਉ ਅਰਦਾਸਿ ਹਮਾਰੀ ਹਉ ਸੰਤ ਜਨਾ ਬਲਿ ਜਾਓ ॥ ਕਹ ਬੈਸਹੁ ਕਹ ਰਹੀਐ ਬਾਲੇ ਕਹ ਆਵਹੁ ਕਹ ਜਾਹੋ ॥ ਨਾਨਕੁ ਬੋਲੈ ਸੁਣਿ ਬੈਰਾਗੀ ਕਿਆ ਤੁਮਾਰਾ ਰਾਹੋ ॥੨॥

ਘਟਿ ਘਟਿ ਬੈਸਿ ਨਿਰੰਤਰਿ ਰਹੀਐ ਚਾਲਹਿ ਸਤਿਗੁਰ ਭਾਏ ॥ ਸਹਜੇ ਆਏ ਹੁਕਮਿ ਸਿਧਾਏ ਨਾਨਕ ਸਦਾ ਰਜਾਏ ॥ ਆਸਣਿ ਬੈਸਣਿ ਥਿਰੁ ਨਾਰਾਇਣੁ ਐਸੀ ਗੁਰਮਤਿ ਪਾਏ ॥ ਗੁਰਮੁਖਿ ਬੂਝੈ ਆਪੁ ਪਛਾਣੈ ਸਚੇ ਸਚਿ ਸਮਾਏ ॥੩॥

ਦੁਨੀਆ ਸਾਗਰੁ ਦੁਤਰੁ ਕਹੀਐ ਕਿਉ ਕਰਿ

ਪਾਈਐ ਪਾਰੋ ॥ ਚਰਪਟੁ ਬੋਲੈ ਅਉਧੂ
ਨਾਨਕ ਦੇਹੁ ਸਚਾ ਬੀਚਾਰੋ ॥ ਆਪੇ ਆਖੈ
ਆਪੇ ਸਮਝੈ ਤਿਸੁ ਕਿਆ ਉਤਰੁ ਦੀਜੈ ॥
ਸਾਚੁ ਕਹਹੁ ਤੁਮ ਪਾਰਗਰਾਮੀ ਤੁਝੁ ਕਿਆ
ਬੈਸਣੁ ਦੀਜੈ ॥੪॥

ਜੈਸੇ ਜਲ ਮਹਿ ਕਮਲੁ ਨਿਰਾਲਮੁ ਮੁਰਗਾਈ
ਨੈ ਸਾਣੇ ॥ ਸੁਰਤਿ ਸਬਦਿ ਭਵ ਸਾਗਰੁ
ਤਰੀਐ ਨਾਨਕ ਨਾਮੁ ਵਖਾਣੇ ॥ ਰਹਹਿ
ਇਕਾਂਤਿ ਏਕੋ ਮਨਿ ਵਸਿਆ ਆਸਾ ਮਾਹਿ
ਨਿਰਾਸੋ ॥ ਅਗਮੁ ਅਗੋਚਰੁ ਦੇਖਿ ਦਿਖਾਏ
ਨਾਨਕੁ ਤਾ ਕਾ ਦਾਸੋ ॥੫॥

ਸੁਣਿ ਸੁਆਮੀ ਅਰਦਾਸਿ ਹਮਾਰੀ ਪੂਛਉ

ਸਾਚੁ ਬੀਚਾਰੋ ॥ ਰੋਸੁ ਨ ਕੀਜੈ ਉਤਰੁ ਦੀਜੈ
ਕਿਉ ਪਾਈਐ ਗੁਰ ਦੁਆਰੋ ॥ ਇਹੁ ਮਨੁ
ਚਲਤਉ ਸਚ ਘਰਿ ਬੈਸੈ ਨਾਨਕ ਨਾਮੁ
ਅਧਾਰੋ ॥ ਆਪੇ ਮੇਲਿ ਮਿਲਾਏ ਕਰਤਾ
ਲਾਗੈ ਸਾਚਿ ਪਿਆਰੋ ॥੬॥

ਹਾਟੀ ਬਾਟੀ ਰਹਹਿ ਨਿਰਾਲੇ ਰੂਖਿ ਬਿਰਖਿ
ਉਦਿਆਨੇ ॥ ਕੰਦ ਮੂਲੁ ਅਹਾਰੋ ਖਾਈਐ
ਅਉਧੂ ਬੋਲੈ ਗਿਆਨੇ ॥ ਤੀਰਥਿ ਨਾਈਐ
ਸੁਖੁ ਫਲੁ ਪਾਈਐ ਮੈਲੁ ਨ ਲਾਗੈ ਕਾਈ ॥
ਗੋਰਖ ਪੂਤੁ ਲੋਹਾਰੀਪਾ ਬੋਲੈ ਜੋਗ ਜੁਗਤਿ
ਬਿਧਿ ਸਾਈ ॥੭॥

ਹਾਟੀ ਬਾਟੀ ਨੀਦ ਨ ਆਵੈ ਪਰ ਘਰਿ

ਚਿਤੁ ਨ ਡੋੁਲਾਈ ॥ ਬਿਨੁ ਨਾਵੈ ਮਨੁ ਟੇਕ
ਨ ਟਿਕਈ ਨਾਨਕ ਭੂਖ ਨ ਜਾਈ ॥ ਹਾਟੁ
ਪਟਣੁ ਘਰੁ ਗੁਰੂ ਦਿਖਾਇਆ ਸਹਜੇ ਸਚੁ
ਵਾਪਾਰੋ ॥ ਖੰਡਿਤ ਨਿਦ੍ਰਾ ਅਲਪ ਅਹਾਰੰ
ਨਾਨਕ ਤਤੁ ਬੀਚਾਰੋ ॥੮॥

ਦਰਸਨੁ ਭੇਖ ਕਰਹੁ ਜੋਗਿੰਦ੍ਰਾ ਮੁੰਦ੍ਰਾ ਝੋਲੀ
ਖਿੰਥਾ ॥ ਬਾਰਹ ਅੰਤਰਿ ਏਕੁ ਸਰੇਵਹੁ
ਖਟੁ ਦਰਸਨ ਇਕ ਪੰਥਾ ॥ ਇਨ ਬਿਧਿ
ਮਨੁ ਸਮਝਾਈਐ ਪੁਰਖਾ ਬਾਹੁੜਿ ਚੋਟ ਨ
ਖਾਈਐ ॥ ਨਾਨਕੁ ਬੋਲੈ ਗੁਰਮੁਖਿ ਬੂਝੈ ਜੋਗ
ਜੁਗਤਿ ਇਵ ਪਾਈਐ ॥੯॥

ਅੰਤਰਿ ਸਬਦੁ ਨਿਰੰਤਰਿ ਮੁਦ੍ਰਾ ਹਉਮੈ ਮਮਤਾ

ਦੂਰਿ ਕਰੀ ॥ ਕਾਮੁ ਕ੍ਰੋਧੁ ਅਹੰਕਾਰੁ ਨਿਵਾਰੈ ਗੁਰ ਕੈ ਸਬਦਿ ਸੁ ਸਮਝ ਪਰੀ ॥ ਖਿੰਥਾ ਝੋਲੀ ਭਰਿਪੁਰਿ ਰਹਿਆ ਨਾਨਕ ਤਾਰੈ ਏਕੁ ਹਰੀ ॥ ਸਾਚਾ ਸਾਹਿਬੁ ਸਾਚੀ ਨਾਈ ਪਰਖੈ ਗੁਰ ਕੀ ਬਾਤ ਖਰੀ ॥੧੦॥

ਊਂਧਉ ਖਪਰੁ ਪੰਚ ਭੂ ਟੋਪੀ ॥ ਕਾਂਇਆ ਕੜਾਸਣੁ ਮਨੁ ਜਾਗੋਟੀ ॥ ਸਤੁ ਸੰਤੋਖੁ ਸੰਜਮੁ ਹੈ ਨਾਲਿ ॥ ਨਾਨਕ ਗੁਰਮੁਖਿ ਨਾਮੁ ਸਮਾਲਿ ॥੧੧॥

ਕਵਨੁ ਸੁ ਗੁਪਤਾ ਕਵਨੁ ਸੁ ਮੁਕਤਾ ॥
ਕਵਨੁ ਸੁ ਅੰਤਰਿ ਬਾਹਰਿ ਜੁਗਤਾ ॥
ਕਵਨੁ ਸੁ ਆਵੈ ਕਵਨੁ ਸੁ ਜਾਇ ॥
ਕਵਨੁ ਸੁ ਤ੍ਰਿਭਵਣਿ ਰਹਿਆ ਸਮਾਇ

॥੧੨॥
ਘਟਿ ਘਟਿ ਗੁਪਤਾ ਗੁਰਮੁਖਿ ਮੁਕਤਾ ॥
ਅੰਤਰਿ ਬਾਹਰਿ ਸਬਦਿ ਸੁ ਜੁਗਤਾ ॥
ਮਨਮੁਖਿ ਬਿਨਸੈ ਆਵੈ ਜਾਇ ॥
ਨਾਨਕ ਗੁਰਮੁਖਿ ਸਾਚਿ ਸਮਾਇ ॥੧੩॥

ਕਿਉ ਕਰਿ ਬਾਧਾ ਸਰਪਨਿ ਖਾਧਾ ॥
ਕਿਉ ਕਰਿ ਖੋਇਆ ਕਿਉ ਕਰਿ ਲਾਧਾ ॥
ਕਿਉ ਕਰਿ ਨਿਰਮਲੁ ਕਿਉ ਕਰਿ ਅੰਧਿਆਰਾ ॥ ਇਹੁ ਤਤੁ ਬੀਚਾਰੈ ਸੁ ਗੁਰੂ ਹਮਾਰਾ ॥੧੪॥

ਦੁਰਮਤਿ ਬਾਧਾ ਸਰਪਨਿ ਖਾਧਾ ॥
ਮਨਮੁਖਿ ਖੋਇਆ ਗੁਰਮੁਖਿ ਲਾਧਾ ॥

ਸਤਿਗੁਰੁ ਮਿਲੈ ਅੰਧੇਰਾ ਜਾਇ ॥
ਨਾਨਕ ਹਉਮੈ ਮੇਟਿ ਸਮਾਇ ॥੧੫॥

ਸੁੰਨ ਨਿਰੰਤਰਿ ਦੀਜੈ ਬੰਧੁ ॥
ਉਡੈ ਨ ਹੰਸਾ ਪੜੈ ਨ ਕੰਧੁ ॥
ਸਹਜ ਗੁਫਾ ਘਰੁ ਜਾਣੈ ਸਾਚਾ ॥
ਨਾਨਕ ਸਾਚੇ ਭਾਵੈ ਸਾਚਾ ॥੧੬॥

ਕਿਸੁ ਕਾਰਣਿ ਗ੍ਰਿਹੁ ਤਜਿਓ ਉਦਾਸੀ ॥
ਕਿਸੁ ਕਾਰਣਿ ਇਹੁ ਭੇਖੁ ਨਿਵਾਸੀ ॥
ਕਿਸੁ ਵਖਰ ਕੇ ਤੁਮ ਵਣਜਾਰੇ ॥
ਕਿਉ ਕਰਿ ਸਾਥੁ ਲੰਘਾਵਹੁ ਪਾਰੇ ॥੧੭॥

ਗੁਰਮੁਖਿ ਖੋਜਤ ਭਏ ਉਦਾਸੀ ॥

ਦਰਸਨ ਕੈ ਤਾਈ ਭੇਖ ਨਿਵਾਸੀ ॥
ਸਾਚ ਵਖਰ ਕੇ ਹਮ ਵਣਜਾਰੇ ॥
ਨਾਨਕ ਗੁਰਮੁਖਿ ਉਤਰਸਿ ਪਾਰੇ ॥੧੮॥

ਕਿਤੁ ਬਿਧਿ ਪੁਰਖਾ ਜਨਮੁ ਵਟਾਇਆ ॥
ਕਾਹੇ ਕਉ ਤੁਝੁ ਇਹੁ ਮਨੁ ਲਾਇਆ ॥
ਕਿਤੁ ਬਿਧਿ ਆਸਾ ਮਨਸਾ ਖਾਈ ॥
ਕਿਤੁ ਬਿਧਿ ਜੋਤਿ ਨਿਰੰਤਰਿ ਪਾਈ ॥
ਬਿਨੁ ਦੰਤਾ ਕਿਉ ਖਾਈਐ ਸਾਰੁ ॥
ਨਾਨਕ ਸਾਚਾ ਕਰਹੁ ਬੀਚਾਰੁ ॥੧੯॥

ਸਤਿਗੁਰ ਕੈ ਜਨਮੇ ਗਵਨੁ ਮਿਟਾਇਆ ॥
ਅਨਹਤਿ ਰਾਤੇ ਇਹੁ ਮਨੁ ਲਾਇਆ ॥
ਮਨਸਾ ਆਸਾ ਸਬਦਿ ਜਲਾਈ ॥

ਗੁਰਮੁਖਿ ਜੋਤਿ ਨਿਰੰਤਰਿ ਪਾਈ ॥
ਤ੍ਰੈ ਗੁਣ ਮੇਟੇ ਖਾਈਐ ਸਾਰੁ ॥
ਨਾਨਕ ਤਾਰੇ ਤਾਰਣਹਾਰੁ ॥੨੦॥

ਆਦਿ ਕਉ ਕਵਨੁ ਬੀਚਾਰੁ ਕਥੀਅਲੇ ਸੁੰਨ ਕਹਾ ਘਰ ਵਾਸੋ ॥ ਗਿਆਨ ਕੀ ਮੁਦ੍ਰਾ ਕਵਨ ਕਥੀਅਲੇ ਘਟਿ ਘਟਿ ਕਵਨ ਨਿਵਾਸੋ ॥
ਕਾਲ ਕਾ ਠੀਗਾ ਕਿਉ ਜਲਾਈਅਲੇ ਕਿਉ ਨਿਰਭਉ ਘਰਿ ਜਾਈਐ ॥ ਸਹਜ ਸੰਤੋਖ ਕਾ ਆਸਣੁ ਜਾਣੈ ਕਿਉ ਛੇਦੇ ਬੈਰਾਈਐ ॥
ਗੁਰ ਕੈ ਸਬਦਿ ਹਉਮੈ ਬਿਖੁ ਮਾਰੈ ਤਾ ਨਿਜ ਘਰਿ ਹੋਵੈ ਵਾਸੋ ॥ ਜਿਨਿ ਰਚਿ ਰਚਿਆ ਤਿਸੁ ਸਬਦਿ ਪਛਾਣੈ ਨਾਨਕੁ ਤਾ ਕਾ ਦਾਸੋ ॥੨੧॥

ਕਹਾ ਤੇ ਆਵੈ ਕਹਾ ਇਹੁ ਜਾਵੈ ਕਹਾ ਇਹੁ ਰਹੈ ਸਮਾਈ ॥ ਏਸੁ ਸਬਦ ਕਉ ਜੋ ਅਰਥਾਵੈ ਤਿਸੁ ਗੁਰ ਤਿਲੁ ਨ ਤਮਾਈ ॥ ਕਿਉ ਤਤੈ ਅਵਿਗਤੈ ਪਾਵੈ ਗੁਰਮੁਖਿ ਲਗੈ ਪਿਆਰੋ ॥ ਆਪੇ ਸੁਰਤਾ ਆਪੇ ਕਰਤਾ ਕਹੁ ਨਾਨਕ ਬੀਚਾਰੋ ॥ ਹੁਕਮੇ ਆਵੈ ਹੁਕਮੇ ਜਾਵੈ ਹੁਕਮੇ ਰਹੈ ਸਮਾਈ ॥ ਪੂਰੇ ਗੁਰ ਤੇ ਸਾਚੁ ਕਮਾਵੈ ਗਤਿ ਮਿਤਿ ਸਬਦੇ ਪਾਈ ॥੨੨॥

ਆਦਿ ਕਉ ਬਿਸਮਾਦੁ ਬੀਚਾਰੁ ਕਥੀਅਲੇ ਸੁੰਨ ਨਿਰੰਤਰਿ ਵਾਸੁ ਲੀਆ ॥ ਅਕਲਪਤ ਮੁਦ੍ਰਾ ਗੁਰ ਗਿਆਨੁ ਬੀਚਾਰੀਅਲੇ ਘਟਿ ਘਟਿ ਸਾਚਾ ਸਰਬ ਜੀਆ ॥ ਗੁਰ ਬਚਨੀ ਅਵਿਗਤਿ ਸਮਾਈਐ ਤਤੁ ਨਿਰੰਜਨੁ ਸਹਜਿ

ਲਹੈ ॥ ਨਾਨਕ ਦੂਜੀ ਕਾਰ ਨ ਕਰਣੀ ਸੇਵੈ ਸਿਖੁ ਸੁ ਖੋਜਿ ਲਹੈ ॥ ਹੁਕਮੁ ਬਿਸਮਾਦੁ ਹੁਕਮਿ ਪਛਾਣੈ ਜੀਅ ਜੁਗਤਿ ਸਚੁ ਜਾਣੈ ਸੋਈ ॥ ਆਪੁ ਮੇਟਿ ਨਿਰਾਲਮੁ ਹੋਵੈ ਅੰਤਰਿ ਸਾਚੁ ਜੋਗੀ ਕਹੀਐ ਸੋਈ ॥੨੩॥

ਅਵਿਗਤੋ ਨਿਰਮਾਇਲੁ ਉਪਜੇ ਨਿਰਗੁਣ ਤੇ ਸਰਗੁਣੁ ਥੀਆ ॥ ਸਤਿਗੁਰ ਪਰਚੈ ਪਰਮ ਪਦੁ ਪਾਈਐ ਸਾਚੈ ਸਬਦਿ ਸਮਾਇ ਲੀਆ ॥ ਏਕੇ ਕਉ ਸਚੁ ਏਕਾ ਜਾਣੈ ਹਉਮੈ ਦੂਜਾ ਦੂਰਿ ਕੀਆ ॥ ਸੋ ਜੋਗੀ ਗੁਰ ਸਬਦੁ ਪਛਾਣੈ ਅੰਤਰਿ ਕਮਲੁ ਪ੍ਰਗਾਸੁ ਥੀਆ ॥ ਜੀਵਤੁ ਮਰੈ ਤਾ ਸਭੁ ਕਿਛੁ ਸੂਝੈ ਅੰਤਰਿ ਜਾਣੈ ਸਰਬ ਦਇਆ ॥

ਨਾਨਕ ਤਾ ਕਉ ਮਿਲੈ ਵਡਾਈ ਆਪੁ ਪਛਾਣੈ ਸਰਬ ਜੀਆ ॥੨੪॥

ਸਾਚੌ ਉਪਜੈ ਸਾਚਿ ਸਮਾਵੈ ਸਾਚੇ ਸੂਚੇ ਏਕ ਮਇਆ ॥ ਝੂਠੇ ਆਵਹਿ ਠਵਰ ਨ ਪਾਵਹਿ ਦੂਜੈ ਆਵਾ ਗਉਣੁ ਭਇਆ ॥ ਆਵਾ ਗਉਣੁ ਮਿਟੈ ਗੁਰ ਸਬਦੀ ਆਪੇ ਪਰਖੈ ਬਖਸਿ ਲਇਆ ॥ ਏਕਾ ਬੇਦਨ ਦੂਜੈ ਬਿਆਪੀ ਨਾਮੁ ਰਸਾਇਣੁ ਵੀਸਰਿਆ ॥ ਸੋ ਬੂਝੈ ਜਿਸੁ ਆਪਿ ਬੁਝਾਏ ਗੁਰ ਕੈ ਸਬਦਿ ਸੁ ਮੁਕਤੁ ਭਇਆ ॥ ਨਾਨਕ ਤਾਰੇ ਤਾਰਣਹਾਰਾ ਹਉਮੈ ਦੂਜਾ ਪਰਹਰਿਆ ॥੨੫॥

ਮਨਮੁਖਿ ਭੂਲੈ ਜਮ ਕੀ ਕਾਣਿ ॥

ਪਰ ਘਰੁ ਜੋਹੈ ਹਾਣੇ ਹਾਣਿ ॥
ਮਨਮੁਖਿ ਭਰਮਿ ਭਵੈ ਬੇਬਾਣਿ ॥
ਵੇਮਾਰਗਿ ਮੂਸੈ ਮੰਤ੍ਰਿ ਮਸਾਣਿ ॥
ਸਬਦੁ ਨ ਚੀਨੈ ਲਵੈ ਕੁਬਾਣਿ ॥
ਨਾਨਕ ਸਾਚਿ ਰਤੇ ਸੁਖੁ ਜਾਣਿ ॥੨੬॥

ਗੁਰਮੁਖਿ ਸਾਚੇ ਕਾ ਭਉ ਪਾਵੈ ॥
ਗੁਰਮੁਖਿ ਬਾਣੀ ਅਘੜੁ ਘੜਾਵੈ ॥
ਗੁਰਮੁਖਿ ਨਿਰਮਲ ਹਰਿ ਗੁਣ ਗਾਵੈ ॥
ਗੁਰਮੁਖਿ ਪਵਿਤ੍ਰੁ ਪਰਮ ਪਦੁ ਪਾਵੈ ॥
ਗੁਰਮੁਖਿ ਰੋਮਿ ਰੋਮਿ ਹਰਿ ਧਿਆਵੈ ॥
ਨਾਨਕ ਗੁਰਮੁਖਿ ਸਾਚਿ ਸਮਾਵੈ ॥੨੭॥

ਗੁਰਮੁਖਿ ਪਰਚੈ ਬੇਦ ਬੀਚਾਰੀ ॥

ਗੁਰਮੁਖਿ ਪਰਚੈ ਤਰੀਐ ਤਾਰੀ ॥
ਗੁਰਮੁਖਿ ਪਰਚੈ ਸੁ ਸਬਦਿ ਗਿਆਨੀ ॥
ਗੁਰਮੁਖਿ ਪਰਚੈ ਅੰਤਰ ਬਿਧਿ ਜਾਨੀ ॥
ਗੁਰਮੁਖਿ ਪਾਈਐ ਅਲਖ ਅਪਾਰੁ ॥
ਨਾਨਕ ਗੁਰਮੁਖਿ ਮੁਕਤਿ ਦੁਆਰੁ ॥੨੮॥

ਗੁਰਮੁਖਿ ਅਕਥੁ ਕਥੈ ਬੀਚਾਰਿ ॥
ਗੁਰਮੁਖਿ ਨਿਬਹੈ ਸਪਰਵਾਰਿ ॥
ਗੁਰਮੁਖਿ ਜਪੀਐ ਅੰਤਰਿ ਪਿਆਰਿ ॥
ਗੁਰਮੁਖਿ ਪਾਈਐ ਸਬਦਿ ਅਚਾਰਿ ॥
ਸਬਦਿ ਭੇਦਿ ਜਾਣੈ ਜਾਣਾਈ ॥
ਨਾਨਕ ਹਉਮੈ ਜਾਲਿ ਸਮਾਈ ॥੨੯॥

ਗੁਰਮੁਖਿ ਧਰਤੀ ਸਾਚੈ ਸਾਜੀ ॥

ਤਿਸ ਮਹਿ ਓਪਤਿ ਖਪਤਿ ਸੁ ਬਾਜੀ ॥
ਗੁਰ ਕੈ ਸਬਦਿ ਰਪੈ ਰੰਗੁ ਲਾਇ ॥
ਸਾਚਿ ਰਤਉ ਪਤਿ ਸਿਉ ਘਰਿ ਜਾਇ ॥
ਸਾਚ ਸਬਦ ਬਿਨੁ ਪਤਿ ਨਹੀ ਪਾਵੈ ॥
ਨਾਨਕ ਬਿਨੁ ਨਾਵੈ ਕਿਉ ਸਾਚਿ ਸਮਾਵੈ
॥੩੦॥
ਗੁਰਮੁਖਿ ਅਸਟ ਸਿਧੀ ਸਭਿ ਬੁਧੀ ॥
ਗੁਰਮੁਖਿ ਭਵਜਲੁ ਤਰੀਐ ਸਚ ਸੁਧੀ ॥
ਗੁਰਮੁਖਿ ਸਰ ਅਪਸਰ ਬਿਧਿ ਜਾਣੈ ॥
ਗੁਰਮੁਖਿ ਪਰਵਿਰਤਿ ਨਰਵਿਰਤਿ ਪਛਾਣੈ ॥
ਗੁਰਮੁਖਿ ਤਾਰੇ ਪਾਰਿ ਉਤਾਰੇ ॥
ਨਾਨਕ ਗੁਰਮੁਖਿ ਸਬਦਿ ਨਿਸਤਾਰੇ ॥੩੧॥

ਨਾਮੇ ਰਾਤੇ ਹਉਮੈ ਜਾਇ ॥

ਨਾਮਿ ਰਤੇ ਸਚਿ ਰਹੇ ਸਮਾਇ ॥
ਨਾਮਿ ਰਤੇ ਜੋਗ ਜੁਗਤਿ ਬੀਚਾਰੁ ॥
ਨਾਮਿ ਰਤੇ ਪਾਵਹਿ ਮੋਖ ਦੁਆਰੁ ॥
ਨਾਮਿ ਰਤੇ ਤ੍ਰਿਭਵਣ ਸੋਝੀ ਹੋਇ ॥
ਨਾਨਕ ਨਾਮਿ ਰਤੇ ਸਦਾ ਸੁਖੁ ਹੋਇ ॥੩੨॥

ਨਾਮਿ ਰਤੇ ਸਿਧ ਗੋਸਟਿ ਹੋਇ ॥
ਨਾਮਿ ਰਤੇ ਸਦਾ ਤਪੁ ਹੋਇ ॥
ਨਾਮਿ ਰਤੇ ਸਚੁ ਕਰਣੀ ਸਾਰੁ ॥
ਨਾਮਿ ਰਤੇ ਗੁਣ ਗਿਆਨ ਬੀਚਾਰੁ ॥
ਬਿਨੁ ਨਾਵੈ ਬੋਲੈ ਸਭੁ ਵੇਕਾਰੁ ॥
ਨਾਨਕ ਨਾਮਿ ਰਤੇ ਤਿਨ ਕਉ ਜੈਕਾਰੁ
॥੩੩॥
ਪੂਰੇ ਗੁਰ ਤੇ ਨਾਮੁ ਪਾਇਆ ਜਾਇ ॥

ਜੋਗ ਜੁਗਤਿ ਸਚਿ ਰਹੈ ਸਮਾਇ ॥
ਬਾਰਹ ਮਹਿ ਜੋਗੀ ਭਰਮਾਏ ਸੰਨਿਆਸੀ ਛਿਅ ਚਾਰਿ ॥ ਗੁਰ ਕੈ ਸਬਦਿ ਜੋ ਮਰਿ ਜੀਵੈ ਸੋ ਪਾਏ ਮੋਖ ਦੁਆਰੁ ॥ ਬਿਨੁ ਸਬਦੈ ਸਭਿ ਦੂਜੈ ਲਾਗੇ ਦੇਖਹੁ ਰਿਦੈ ਬੀਚਾਰਿ ॥
ਨਾਨਕ ਵਡੇ ਸੇ ਵਡਭਾਗੀ ਜਿਨੀ ਸਚੁ ਰਖਿਆ ਉਰ ਧਾਰਿ ॥੩੪॥

ਗੁਰਮੁਖਿ ਰਤਨੁ ਲਹੈ ਲਿਵ ਲਾਇ ॥
ਗੁਰਮੁਖਿ ਪਰਖੈ ਰਤਨੁ ਸੁਭਾਇ ॥
ਗੁਰਮੁਖਿ ਸਾਚੀ ਕਾਰ ਕਮਾਇ ॥
ਗੁਰਮੁਖਿ ਸਾਚੇ ਮਨੁ ਪਤੀਆਇ ॥
ਗੁਰਮੁਖਿ ਅਲਖੁ ਲਖਾਏ ਤਿਸੁ ਭਾਵੈ ॥
ਨਾਨਕ ਗੁਰਮੁਖਿ ਚੋਟ ਨ ਖਾਵੈ ॥੩੫॥

ਗੁਰਮੁਖਿ ਨਾਮੁ ਦਾਨੁ ਇਸਨਾਨੁ ॥
ਗੁਰਮੁਖਿ ਲਾਗੈ ਸਹਜਿ ਧਿਆਨੁ ॥
ਗੁਰਮੁਖਿ ਪਾਵੈ ਦਰਗਹ ਮਾਨੁ ॥
ਗੁਰਮੁਖਿ ਭਉ ਭੰਜਨੁ ਪਰਧਾਨੁ ॥
ਗੁਰਮੁਖਿ ਕਰਣੀ ਕਾਰ ਕਰਾਏ ॥
ਨਾਨਕ ਗੁਰਮੁਖਿ ਮੇਲਿ ਮਿਲਾਏ ॥੩੬॥

ਗੁਰਮੁਖਿ ਸਾਸਤ੍ਰ ਸਿਮ੍ਰਿਤਿ ਬੇਦ ॥
ਗੁਰਮੁਖਿ ਪਾਵੈ ਘਟਿ ਘਟਿ ਭੇਦ ॥
ਗੁਰਮੁਖਿ ਵੈਰ ਵਿਰੋਧ ਗਵਾਵੈ ॥
ਗੁਰਮੁਖਿ ਸਗਲੀ ਗਣਤ ਮਿਟਾਵੈ ॥
ਗੁਰਮੁਖਿ ਰਾਮ ਨਾਮ ਰੰਗਿ ਰਾਤਾ ॥
ਨਾਨਕ ਗੁਰਮੁਖਿ ਖਸਮੁ ਪਛਾਤਾ ॥੩੭॥

ਬਿਨੁ ਗੁਰ ਭਰਮੈ ਆਵੈ ਜਾਇ ॥
ਬਿਨੁ ਗੁਰ ਘਾਲ ਨ ਪਵਈ ਥਾਇ ॥
ਬਿਨੁ ਗੁਰ ਮਨੂਆ ਅਤਿ ਡੋਲਾਇ ॥
ਬਿਨੁ ਗੁਰ ਤ੍ਰਿਪਤਿ ਨਹੀ ਬਿਖੁ ਖਾਇ ॥
ਬਿਨੁ ਗੁਰ ਬਿਸੀਅਰੁ ਡਸੈ ਮਰਿ ਵਾਟ ॥
ਨਾਨਕ ਗੁਰ ਬਿਨੁ ਘਾਟੇ ਘਾਟ ॥੩੮॥

ਜਿਸੁ ਗੁਰੁ ਮਿਲੈ ਤਿਸੁ ਪਾਰਿ ਉਤਾਰੈ ॥
ਅਵਗਣ ਮੇਟੈ ਗੁਣਿ ਨਿਸਤਾਰੈ ॥
ਮੁਕਤਿ ਮਹਾ ਸੁਖ ਗੁਰ ਸਬਦੁ ਬੀਚਾਰਿ ॥
ਗੁਰਮੁਖਿ ਕਦੇ ਨ ਆਵੈ ਹਾਰਿ ॥
ਤਨੁ ਹਟੜੀ ਇਹੁ ਮਨੁ ਵਣਜਾਰਾ ॥
ਨਾਨਕ ਸਹਜੇ ਸਚੁ ਵਾਪਾਰਾ ॥੩੯॥

ਗੁਰਮੁਖਿ ਬਾਂਧਿਓ ਸੇਤੁ ਬਿਧਾਤੈ ॥
ਲੰਕਾ ਲੂਟੀ ਦੈਤ ਸੰਤਾਪੈ ॥
ਰਾਮਚੰਦਿ ਮਾਰਿਓ ਅਹਿ ਰਾਵਣੁ ॥
ਭੇਦੁ ਬਭੀਖਣ ਗੁਰਮੁਖਿ ਪਰਚਾਇਣੁ ॥
ਗੁਰਮੁਖਿ ਸਾਇਰਿ ਪਾਹਣ ਤਾਰੇ ॥
ਗੁਰਮੁਖਿ ਕੋਟਿ ਤੇਤੀਸ ਉਧਾਰੇ ॥੪੦॥

ਗੁਰਮੁਖਿ ਚੂਕੈ ਆਵਣ ਜਾਣੁ ॥
ਗੁਰਮੁਖਿ ਦਰਗਹ ਪਾਵੈ ਮਾਣੁ ॥
ਗੁਰਮੁਖਿ ਖੋਟੇ ਖਰੇ ਪਛਾਣੁ ॥
ਗੁਰਮੁਖਿ ਲਾਗੈ ਸਹਜਿ ਧਿਆਨੁ ॥
ਗੁਰਮੁਖਿ ਦਰਗਹ ਸਿਫਤਿ ਸਮਾਇ ॥
ਨਾਨਕ ਗੁਰਮੁਖਿ ਬੰਧੁ ਨ ਪਾਇ ॥੪੧॥

ਗੁਰਮੁਖਿ ਨਾਮੁ ਨਿਰੰਜਨ ਪਾਏ ॥
ਗੁਰਮੁਖਿ ਹਉਮੈ ਸਬਦਿ ਜਲਾਏ ॥
ਗੁਰਮੁਖਿ ਸਾਚੇ ਕੇ ਗੁਣ ਗਾਏ ॥
ਗੁਰਮੁਖਿ ਸਾਚੈ ਰਹੈ ਸਮਾਏ ॥
ਗੁਰਮੁਖਿ ਸਾਚਿ ਨਾਮਿ ਪਤਿ ਊਤਮ ਹੋਇ ॥
ਨਾਨਕ ਗੁਰਮੁਖਿ ਸਗਲ ਭਵਣ ਕੀ ਸੋਝੀ ਹੋਇ ॥੪੨॥

ਕਵਣ ਮੂਲੁ ਕਵਣ ਮਤਿ ਵੇਲਾ ॥
ਤੇਰਾ ਕਵਣੁ ਗੁਰੂ ਜਿਸ ਕਾ ਤੂ ਚੇਲਾ ॥
ਕਵਣ ਕਥਾ ਲੇ ਰਹਹੁ ਨਿਰਾਲੇ ॥
ਬੋਲੈ ਨਾਨਕੁ ਸੁਣਹੁ ਤੁਮ ਬਾਲੇ ॥
ਏਸੁ ਕਥਾ ਕਾ ਦੇਇ ਬੀਚਾਰੁ ॥
ਭਵਜਲੁ ਸਬਦਿ ਲੰਘਾਵਣਹਾਰੁ ॥੪੩॥

ਪਵਨ ਅਰੰਭੁ ਸਤਿਗੁਰ ਮਤਿ ਵੇਲਾ ॥
ਸਬਦੁ ਗੁਰੂ ਸੁਰਤਿ ਧੁਨਿ ਚੇਲਾ ॥
ਅਕਥ ਕਥਾ ਲੇ ਰਹਉ ਨਿਰਾਲਾ ॥
ਨਾਨਕ ਜੁਗਿ ਜੁਗਿ ਗੁਰ ਗੋਪਾਲਾ ॥
ਏਕੁ ਸਬਦੁ ਜਿਤੁ ਕਥਾ ਵੀਚਾਰੀ ॥
ਗੁਰਮੁਖਿ ਹਉਮੈ ਅਗਨਿ ਨਿਵਾਰੀ ॥੪੪॥

ਮੈਣ ਕੇ ਦੰਤ ਕਿਉ ਖਾਈਐ ਸਾਰੁ ॥
ਜਿਤੁ ਗਰਬੁ ਜਾਇ ਸੁ ਕਵਣੁ ਆਹਾਰੁ ॥
ਹਿਵੈ ਕਾ ਘਰੁ ਮੰਦਰੁ ਅਗਨਿ ਪਿਰਾਹਨੁ ॥
ਕਵਨ ਗੁਫਾ ਜਿਤੁ ਰਹੈ ਅਵਾਹਨੁ ॥
ਇਤ ਉਤ ਕਿਸ ਕਉ ਜਾਣਿ ਸਮਾਵੈ ॥
ਕਵਨ ਧਿਆਨੁ ਮਨੁ ਮਨਹਿ ਸਮਾਵੈ ॥੪੫॥

ਹਉ ਹਉ ਮੈ ਮੈ ਵਿਚਹੁ ਖੋਵੈ ॥
ਦੂਜਾ ਮੇਟੈ ਏਕੋ ਹੋਵੈ ॥
ਜਗੁ ਕਰੜਾ ਮਨਮੁਖੁ ਗਾਵਾਰੁ ॥
ਸਬਦੁ ਕਮਾਈਐ ਖਾਈਐ ਸਾਰੁ ॥
ਅੰਤਰਿ ਬਾਹਰਿ ਏਕੋ ਜਾਣੈ ॥
ਨਾਨਕ ਅਗਨਿ ਮਰੈ ਸਤਿਗੁਰ ਕੈ ਭਾਣੈ ॥੪੬॥
ਸਚ ਭੈ ਰਾਤਾ ਗਰਬੁ ਨਿਵਾਰੈ ॥
ਏਕੋ ਜਾਤਾ ਸਬਦੁ ਵੀਚਾਰੈ ॥
ਸਬਦੁ ਵਸੈ ਸਚੁ ਅੰਤਰਿ ਹੀਆ ॥
ਤਨੁ ਮਨੁ ਸੀਤਲੁ ਰੰਗਿ ਰੰਗੀਆ ॥
ਕਾਮੁ ਕ੍ਰੋਧੁ ਬਿਖੁ ਅਗਨਿ ਨਿਵਾਰੇ ॥
ਨਾਨਕ ਨਦਰੀ ਨਦਰਿ ਪਿਆਰੇ ॥੪੭॥

ਕਵਨ ਮੁਖਿ ਚੰਦੁ ਹਿਵੈ ਘਰੁ ਛਾਇਆ ॥
ਕਵਨ ਮੁਖਿ ਸੂਰਜੁ ਤਪੈ ਤਪਾਇਆ ॥
ਕਵਨ ਮੁਖਿ ਕਾਲੁ ਜੋਹਤ ਨਿਤ ਰਹੈ ॥
ਕਵਨ ਬੁਧਿ ਗੁਰਮੁਖਿ ਪਤਿ ਰਹੈ ॥
ਕਵਨੁ ਜੋਧੁ ਜੋ ਕਾਲੁ ਸੰਘਾਰੈ ॥
ਬੋਲੈ ਬਾਣੀ ਨਾਨਕੁ ਬੀਚਾਰੈ ॥੪੮॥

ਸਬਦੁ ਭਾਖਤ ਸਸਿ ਜੋਤਿ ਅਪਾਰਾ ॥
ਸਸਿ ਘਰਿ ਸੂਰੁ ਵਸੈ ਮਿਟੈ ਅੰਧਿਆਰਾ ॥
ਸੁਖੁ ਦੁਖੁ ਸਮ ਕਰਿ ਨਾਮੁ ਅਧਾਰਾ ॥
ਆਪੇ ਪਾਰਿ ਉਤਾਰਣਹਾਰਾ ॥
ਗੁਰ ਪਰਚੈ ਮਨੁ ਸਾਚਿ ਸਮਾਇ ॥
ਪ੍ਰਣਵਤਿ ਨਾਨਕੁ ਕਾਲੁ ਨ ਖਾਇ ॥੪੯॥

ਨਾਮ ਤਤੁ ਸਭ ਹੀ ਸਿਰਿ ਜਾਪੈ ॥
ਬਿਨੁ ਨਾਵੈ ਦੁਖੁ ਕਾਲੁ ਸੰਤਾਪੈ ॥
ਤਤੋ ਤਤੁ ਮਿਲੈ ਮਨੁ ਮਾਨੈ ॥
ਦੂਜਾ ਜਾਇ ਇਕਤੁ ਘਰਿ ਆਨੈ ॥
ਬੋਲੈ ਪਵਨਾ ਗਗਨੁ ਗਰਜੈ ॥
ਨਾਨਕ ਨਿਹਚਲੁ ਮਿਲਣੁ ਸਹਜੈ ॥੫੦॥

ਅੰਤਰਿ ਸੁੰਨੰ ਬਾਹਰਿ ਸੁੰਨੰ ਤ੍ਰਿਭਵਣ ਸੁੰਨ ਮਸੁੰਨੰ ॥ ਚਉਥੇ ਸੁੰਨੈ ਜੋ ਨਰੁ ਜਾਣੈ ਤਾ ਕਉ ਪਾਪੁ ਨ ਪੁੰਨੰ ॥ ਘਟਿ ਘਟਿ ਸੁੰਨ ਕਾ ਜਾਣੈ ਭੇਉ ॥ ਆਦਿ ਪੁਰਖੁ ਨਿਰੰਜਨ ਦੇਉ ॥
ਜੋ ਜਨੁ ਨਾਮ ਨਿਰੰਜਨ ਰਾਤਾ ॥
ਨਾਨਕ ਸੋਈ ਪੁਰਖੁ ਬਿਧਾਤਾ ॥੫੧॥

ਸੁੰਨੋ ਸੁੰਨੁ ਕਹੈ ਸਭੁ ਕੋਈ ॥
ਅਨਹਤ ਸੁੰਨੁ ਕਹਾ ਤੇ ਹੋਈ ॥
ਅਨਹਤ ਸੁੰਨਿ ਰਤੇ ਸੇ ਕੈਸੇ ॥
ਜਿਸ ਤੇ ਉਪਜੇ ਤਿਸ ਹੀ ਜੈਸੇ ॥
ਓਇ ਜਨਮਿ ਨ ਮਰਹਿ ਨ ਆਵਹਿ ਜਾਹਿ
॥ ਨਾਨਕ ਗੁਰਮੁਖਿ ਮਨੁ ਸਮਝਾਹਿ ॥੫੨॥

ਨਉ ਸਰ ਸੁਭਰ ਦਸਵੈ ਪੂਰੇ ॥
ਤਹ ਅਨਹਤ ਸੁੰਨ ਵਜਾਵਹਿ ਤੂਰੇ ॥
ਸਾਚੈ ਰਾਚੇ ਦੇਖਿ ਹਜੂਰੇ ॥
ਘਟਿ ਘਟਿ ਸਾਚੁ ਰਹਿਆ ਭਰਪੂਰੇ ॥
ਗੁਪਤੀ ਬਾਣੀ ਪਰਗਟੁ ਹੋਇ ॥
ਨਾਨਕ ਪਰਖਿ ਲਏ ਸਚੁ ਸੋਇ ॥੫੩॥

ਸਹਜ ਭਾਇ ਮਿਲੀਐ ਸੁਖੁ ਹੋਵੈ ॥
ਗੁਰਮੁਖਿ ਜਾਗੈ ਨੀਦ ਨ ਸੋਵੈ ॥
ਸੁੰਨ ਸਬਦੁ ਅਪਰੰਪਰਿ ਧਾਰੈ ॥
ਕਹਤੇ ਮੁਕਤੁ ਸਬਦਿ ਨਿਸਤਾਰੈ ॥
ਗੁਰ ਕੀ ਦੀਖਿਆ ਸੇ ਸਚਿ ਰਾਤੇ ॥
ਨਾਨਕ ਆਪੁ ਗਵਾਇ ਮਿਲਣ ਨਹੀ ਭ੍ਰਾਤੇ ॥੫੪॥
ਕੁਬੁਧਿ ਚਵਾਵੈ ਸੋ ਕਿਤੁ ਠਾਇ ॥
ਕਿਉ ਤਤੁ ਨ ਬੂਝੈ ਚੋਟਾ ਖਾਇ ॥
ਜਮ ਦਰਿ ਬਾਧੇ ਕੋਇ ਨ ਰਾਖੈ ॥
ਬਿਨੁ ਸਬਦੈ ਨਾਹੀ ਪਤਿ ਸਾਖੈ ॥
ਕਿਉ ਕਰਿ ਬੂਝੈ ਪਾਵੈ ਪਾਰੁ ॥
ਨਾਨਕ ਮਨਮੁਖਿ ਨ ਬੁਝੈ ਗਵਾਰੁ ॥੫੫॥

ਕੁਬੁਧਿ ਮਿਟੈ ਗੁਰ ਸਬਦੁ ਬੀਚਾਰਿ ॥
ਸਤਿਗੁਰੁ ਭੇਟੈ ਮੋਖ ਦੁਆਰ ॥
ਤਤੁ ਨ ਚੀਨੈ ਮਨਮੁਖੁ ਜਲਿ ਜਾਇ ॥
ਦੁਰਮਤਿ ਵਿਛੁੜਿ ਚੋਟਾ ਖਾਇ ॥
ਮਾਨੈ ਹੁਕਮੁ ਸਭੇ ਗੁਣ ਗਿਆਨ ॥
ਨਾਨਕ ਦਰਗਹ ਪਾਵੈ ਮਾਨੁ ॥੫੬॥

ਸਾਚੁ ਵਖਰੁ ਧਨੁ ਪਲੈ ਹੋਇ ॥
ਆਪਿ ਤਰੈ ਤਾਰੇ ਭੀ ਸੋਇ ॥
ਸਹਜਿ ਰਤਾ ਬੂਝੈ ਪਤਿ ਹੋਇ ॥
ਤਾ ਕੀ ਕੀਮਤਿ ਕਰੈ ਨ ਕੋਇ ॥
ਜਹ ਦੇਖਾ ਤਹ ਰਹਿਆ ਸਮਾਇ ॥
ਨਾਨਕ ਪਾਰਿ ਪਰੈ ਸਚ ਭਾਇ ॥੫੭॥

ਸੁ ਸਬਦ ਕਾ ਕਹਾ ਵਾਸੁ ਕਥੀਅਲੇ ਜਿਤੁ ਤਰੀਐ ਭਵਜਲੁ ਸੰਸਾਰੋ ॥ ਤ੍ਰੈ ਸਤ ਅੰਗੁਲ ਵਾਈ ਕਹੀਐ ਤਿਸੁ ਕਹੁ ਕਵਨੁ ਅਧਾਰੋ ॥ ਬੋਲੈ ਖੇਲੈ ਅਸਥਿਰੁ ਹੋਵੈ ਕਿਉ ਕਰਿ ਅਲਖੁ ਲਖਾਏ ॥ ਸੁਣਿ ਸੁਆਮੀ ਸਚੁ ਨਾਨਕੁ ਪ੍ਰਣਵੈ ਅਪਣੇ ਮਨ ਸਮਝਾਏ ॥ ਗੁਰਮੁਖਿ ਸਬਦੇ ਸਚਿ ਲਿਵ ਲਾਗੈ ਕਰਿ ਨਦਰੀ ਮੇਲਿ ਮਿਲਾਏ ॥ ਆਪੇ ਦਾਨਾ ਆਪੇ ਬੀਨਾ ਪੂਰੈ ਭਾਗਿ ਸਮਾਏ ॥੫੮॥

ਸੁ ਸਬਦ ਕਉ ਨਿਰੰਤਰਿ ਵਾਸੁ ਅਲਖੰ ਜਹ ਦੇਖਾ ਤਹ ਸੋਈ ॥ ਪਵਨ ਕਾ ਵਾਸਾ ਸੁੰਨ ਨਿਵਾਸਾ ਅਕਲ ਕਲਾ ਧਰ ਸੋਈ ॥ ਨਦਰਿ ਕਰੇ ਸਬਦੁ ਘਟ ਮਹਿ ਵਸੈ ਵਿਚਹੁ

ਭਰਮੁ ਗਵਾਏ ॥ ਤਨੁ ਮਨੁ ਨਿਰਮਲੁ
ਨਿਰਮਲ ਬਾਣੀ ਨਾਮੋੁ ਮੰਨਿ ਵਸਾਏ ॥
ਸਬਦਿ ਗੁਰੂ ਭਵਸਾਗਰੁ ਤਰੀਐ ਇਤ ਉਤ
ਏਕੋ ਜਾਣੈ ॥ ਚਿਹਨੁ ਵਰਨੁ ਨਹੀ ਛਾਇਆ
ਮਾਇਆ ਨਾਨਕ ਸਬਦੁ ਪਛਾਣੈ ॥੫੯॥

ਤ੍ਰੈ ਸਤ ਅੰਗੁਲ ਵਾਈ ਅਉਧੂ ਸੁੰਨ ਸਚੁ
ਆਹਾਰੋ ॥ ਗੁਰਮੁਖਿ ਬੋਲੈ ਤਤੁ ਬਿਰੋਲੈ
ਚੀਨੈ ਅਲਖ ਅਪਾਰੋ ॥ ਤ੍ਰੈ ਗੁਣ ਮੇਟੈ ਸਬਦੁ
ਵਸਾਏ ਤਾ ਮਨਿ ਚੂਕੈ ਅਹੰਕਾਰੋ ॥ ਅੰਤਰਿ
ਬਾਹਰਿ ਏਕੋ ਜਾਣੈ ਤਾ ਹਰਿ ਨਾਮਿ ਲਗੈ
ਪਿਆਰੋ ॥ ਸੁਖਮਨਾ ਇੜਾ ਪਿੰਗੁਲਾ ਬੂਝੈ
ਜਾ ਆਪੇ ਅਲਖੁ ਲਖਾਏ ॥ ਨਾਨਕ ਤਿਹੁ
ਤੇ ਊਪਰਿ ਸਾਚਾ ਸਤਿਗੁਰ ਸਬਦਿ ਸਮਾਏ

॥੬੦॥
ਮਨ ਕਾ ਜੀਉ ਪਵਨੁ ਕਥੀਅਲੇ ਪਵਨੁ
ਕਹਾ ਰਸੁ ਖਾਈ ॥ ਗਿਆਨ ਕੀ ਮੁਦ੍ਰਾ
ਕਵਨ ਅਉਧੂ ਸਿਧ ਕੀ ਕਵਨ ਕਮਾਈ ॥
ਬਿਨੁ ਸਬਦੈ ਰਸੁ ਨ ਆਵੈ ਅਉਧੂ ਹਉਮੈ
ਪਿਆਸ ਨ ਜਾਈ ॥ ਸਬਦਿ ਰਤੇ ਅੰਮ੍ਰਿਤ
ਰਸੁ ਪਾਇਆ ਸਾਚੇ ਰਹੇ ਅਘਾਈ ॥ ਕਵਨ
ਬੁਧਿ ਜਿਤੁ ਅਸਥਿਰੁ ਰਹੀਐ ਕਿਤੁ ਭੋਜਨਿ
ਤ੍ਰਿਪਤਾਸੈ ॥ ਨਾਨਕ ਦੁਖੁ ਸੁਖੁ ਸਮ ਕਰਿ
ਜਾਪੈ ਸਤਿਗੁਰ ਤੇ ਕਾਲੁ ਨ ਗ੍ਰਾਸੈ ॥੬੧॥

ਰੰਗਿ ਨ ਰਾਤਾ ਰਸਿ ਨਹੀ ਮਾਤਾ ॥
ਬਿਨੁ ਗੁਰ ਸਬਦੈ ਜਲਿ ਬਲਿ ਤਾਤਾ ॥
ਬਿੰਦੁ ਨ ਰਾਖਿਆ ਸਬਦੁ ਨ ਭਾਖਿਆ ॥

ਪਵਨੁ ਨ ਸਾਧਿਆ ਸਚੁ ਨ ਅਰਾਧਿਆ ॥
ਅਕਥ ਕਥਾ ਲੇ ਸਮ ਕਰਿ ਰਹੈ ॥
ਤਉ ਨਾਨਕ ਆਤਮ ਰਾਮ ਕਉ ਲਹੈ ॥੬੨॥

ਗੁਰ ਪਰਸਾਦੀ ਰੰਗੇ ਰਾਤਾ ॥
ਅੰਮ੍ਰਿਤੁ ਪੀਆ ਸਾਚੇ ਮਾਤਾ ॥
ਗੁਰ ਵੀਚਾਰੀ ਅਗਨਿ ਨਿਵਾਰੀ ॥
ਅਪਿਉ ਪੀਓ ਆਤਮ ਸੁਖੁ ਧਾਰੀ ॥
ਸਚੁ ਅਰਾਧਿਆ ਗੁਰਮੁਖਿ ਤਰੁ ਤਾਰੀ ॥
ਨਾਨਕ ਬੂਝੈ ਕੋ ਵੀਚਾਰੀ ॥੬੩॥

ਇਹੁ ਮਨੁ ਮੈਗਲੁ ਕਹਾ ਬਸੀਅਲੇ ਕਹਾ ਬਸੈ
ਇਹੁ ਪਵਨਾ ॥ ਕਹਾ ਬਸੈ ਸੁ ਸਬਦੁ ਅਉਧੂ
ਤਾ ਕਉ ਚੂਕੈ ਮਨ ਕਾ ਭਵਨਾ ॥

ਨਦਰਿ ਕਰੇ ਤਾ ਸਤਿਗੁਰੁ ਮੇਲੇ ਤਾ ਨਿਜ ਘਰਿ ਵਾਸਾ ਇਹੁ ਮਨੁ ਪਾਏ ॥ ਆਪੈ ਆਪੁ ਖਾਇ ਤਾ ਨਿਰਮਲੁ ਹੋਵੈ ਧਾਵਤੁ ਵਰਜਿ ਰਹਾਏ ॥ ਕਿਉ ਮੂਲੁ ਪਛਾਣੈ ਆਤਮੁ ਜਾਣੈ ਕਿਉ ਸਸਿ ਘਰਿ ਸੂਰੁ ਸਮਾਵੈ ॥ ਗੁਰਮੁਖਿ ਹਉਮੈ ਵਿਚਹੁ ਖੋਵੈ ਤਉ ਨਾਨਕ ਸਹਜਿ ਸਮਾਵੈ ॥੬੪॥

ਇਹੁ ਮਨੁ ਨਿਹਚਲੁ ਹਿਰਦੈ ਵਸੀਅਲੇ ਗੁਰਮੁਖਿ ਮੂਲੁ ਪਛਾਣਿ ਰਹੈ ॥ ਨਾਭਿ ਪਵਨੁ ਘਰਿ ਆਸਣਿ ਬੈਸੈ ਗੁਰਮੁਖਿ ਖੋਜਤ ਤਤੁ ਲਹੈ ॥ ਸੁ ਸਬਦੁ ਨਿਰੰਤਰਿ ਨਿਜ ਘਰਿ ਆਛੈ ਤ੍ਰਿਭਵਣ ਜੋਤਿ ਸੁ ਸਬਦਿ ਲਹੈ ॥ ਖਾਵੈ ਦੂਖ ਭੂਖ ਸਾਚੇ ਕੀ ਸਾਚੇ ਹੀ

ਤ੍ਰਿਪਤਾਸਿ ਰਹੈ ॥ ਅਨਹਦ ਬਾਣੀ ਗੁਰਮੁਖਿ ਜਾਣੀ ਬਿਰਲੋ ਕੋ ਅਰਥਾਵੈ ॥ ਨਾਨਕੁ ਆਖੈ ਸਚੁ ਸੁਭਾਖੈ ਸਚਿ ਰਪੈ ਰੰਗੁ ਕਬਹੂ ਨ ਜਾਵੈ ॥੬੫॥

ਜਾ ਇਹੁ ਹਿਰਦਾ ਦੇਹ ਨ ਹੋਤੀ ਤਉ ਮਨੁ ਕੈਠੈ ਰਹਤਾ ॥ ਨਾਭਿ ਕਮਲ ਅਸਥੰਭੁ ਨ ਹੋਤੋ ਤਾ ਪਵਨੁ ਕਵਨ ਘਰਿ ਸਹਤਾ ॥ ਰੂਪੁ ਨ ਹੋਤੋ ਰੇਖ ਨ ਕਾਈ ਤਾ ਸਬਦਿ ਕਹਾ ਲਿਵ ਲਾਈ ॥ ਰਕਤੁ ਬਿੰਦੁ ਕੀ ਮੜੀ ਨ ਹੋਤੀ ਮਿਤਿ ਕੀਮਤਿ ਨਹੀ ਪਾਈ ॥ ਵਰਨੁ ਭੇਖੁ ਅਸਰੂਪੁ ਨ ਜਾਪੀ ਕਿਉ ਕਰਿ ਜਾਪਸਿ ਸਾਚਾ ॥ ਨਾਨਕ ਨਾਮਿ ਰਤੇ ਬੈਰਾਗੀ ਇਬ ਤਬ ਸਾਚੋ ਸਾਚਾ ॥੬੬॥

ਹਿਰਦਾ ਦੇਹ ਨ ਹੋਤੀ ਅਉਧੂ ਤਉ ਮਨੁ ਸੁੰਨਿ ਰਹੈ ਬੈਰਾਗੀ ॥ ਨਾਭਿ ਕਮਲੁ ਅਸਥੰਭੁ ਨ ਹੋਤੋ ਤਾ ਨਿਜ ਘਰਿ ਬਸਤਉ ਪਵਨੁ ਅਨਰਾਗੀ ॥ ਰੂਪੁ ਨ ਰੇਖਿਆ ਜਾਤਿ ਨ ਹੋਤੀ ਤਉ ਅਕੁਲੀਣਿ ਰਹਤਉ ਸਬਦੁ ਸੁ ਸਾਰੁ ॥ ਗਉਨੁ ਗਗਨੁ ਜਬ ਤਬਹਿ ਨ ਹੋਤਉ ਤ੍ਰਿਭਵਣ ਜੋਤਿ ਆਪੇ ਨਿਰੰਕਾਰੁ ॥ ਵਰਨੁ ਭੇਖੁ ਅਸਰੂਪੁ ਸੁ ਏਕੋ ਏਕੋ ਸਬਦੁ ਵਿਡਾਣੀ ॥ ਸਾਚ ਬਿਨਾ ਸੂਚਾ ਕੋ ਨਾਹੀ ਨਾਨਕ ਅਕਥ ਕਹਾਣੀ ॥੬੭॥

ਕਿਤੁ ਕਿਤੁ ਬਿਧਿ ਜਗੁ ਉਪਜੈ ਪੁਰਖਾ ਕਿਤੁ ਕਿਤੁ ਦੁਖਿ ਬਿਨਸਿ ਜਾਈ ॥ ਹਉਮੈ ਵਿਚਿ ਜਗੁ ਉਪਜੈ ਪੁਰਖਾ ਨਾਮਿ ਵਿਸਰਿਐ ਦੁਖੁ

ਪਾਈ ॥ ਗੁਰਮੁਖਿ ਹੋਵੈ ਸੁ ਗਿਆਨੁ ਤਤੁ ਬੀਚਾਰੈ ਹਉਮੈ ਸਬਦਿ ਜਲਾਏ ॥ ਤਨੁ ਮਨੁ ਨਿਰਮਲੁ ਨਿਰਮਲ ਬਾਣੀ ਸਾਚੈ ਰਹੈ ਸਮਾਏ ॥ ਨਾਮੇ ਨਾਮਿ ਰਹੈ ਬੈਰਾਗੀ ਸਾਚੁ ਰਖਿਆ ਉਰਿ ਧਾਰੇ ॥ ਨਾਨਕ ਬਿਨੁ ਨਾਵੈ ਜੋਗੁ ਕਦੇ ਨ ਹੋਵੈ ਦੇਖਹੁ ਰਿਦੈ ਬੀਚਾਰੇ ॥੬੮॥

ਗੁਰਮੁਖਿ ਸਾਚੁ ਸਬਦੁ ਬੀਚਾਰੈ ਕੋਇ ॥
ਗੁਰਮੁਖਿ ਸਚੁ ਬਾਣੀ ਪਰਗਟੁ ਹੋਇ ॥
ਗੁਰਮੁਖਿ ਮਨੁ ਭੀਜੈ ਵਿਰਲਾ ਬੂਝੈ ਕੋਇ ॥
ਗੁਰਮੁਖਿ ਨਿਜ ਘਰਿ ਵਾਸਾ ਹੋਇ ॥
ਗੁਰਮੁਖਿ ਜੋਗੀ ਜੁਗਤਿ ਪਛਾਣੈ ॥
ਗੁਰਮੁਖਿ ਨਾਨਕ ਏਕੋ ਜਾਣੈ ॥੬੯॥

ਬਿਨੁ ਸਤਿਗੁਰ ਸੇਵੇ ਜੋਗੁ ਨ ਹੋਈ ॥
ਬਿਨੁ ਸਤਿਗੁਰ ਭੇਟੇ ਮੁਕਤਿ ਨ ਕੋਈ ॥
ਬਿਨੁ ਸਤਿਗੁਰ ਭੇਟੇ ਨਾਮੁ ਪਾਇਆ ਨ
ਜਾਇ ॥ ਬਿਨੁ ਸਤਿਗੁਰ ਭੇਟੇ ਮਹਾ ਦੁਖੁ
ਪਾਇ ॥ ਬਿਨੁ ਸਤਿਗੁਰ ਭੇਟੇ ਮਹਾ ਗਰਬਿ
ਗੁਬਾਰਿ ॥ ਨਾਨਕ ਬਿਨੁ ਗੁਰ ਮੁਆ ਜਨਮੁ
ਹਾਰਿ ॥੭੦॥

ਗੁਰਮੁਖਿ ਮਨੁ ਜੀਤਾ ਹਉਮੈ ਮਾਰਿ ॥
ਗੁਰਮੁਖਿ ਸਾਚੁ ਰਖਿਆ ਉਰ ਧਾਰਿ ॥
ਗੁਰਮੁਖਿ ਜਗੁ ਜੀਤਾ ਜਮਕਾਲੁ ਮਾਰਿ
ਬਿਦਾਰਿ ॥ ਗੁਰਮੁਖਿ ਦਰਗਹ ਨ ਆਵੈ
ਹਾਰਿ ॥ ਗੁਰਮੁਖਿ ਮੇਲਿ ਮਿਲਾਏ ਸੋੁ ਜਾਣੈ
॥ ਨਾਨਕ ਗੁਰਮੁਖਿ ਸਬਦਿ ਪਛਾਣੈ ॥੭੧॥

ਸਬਦੈ ਕਾ ਨਿਬੇੜਾ ਸੁਣਿ ਤੂ ਅਉਧੂ ਬਿਨੁ ਨਾਵੈ ਜੋਗੁ ਨ ਹੋਈ ॥ ਨਾਮੇ ਰਾਤੇ ਅਨਦਿਨੁ ਮਾਤੇ ਨਾਮੈ ਤੇ ਸੁਖੁ ਹੋਈ ॥ ਨਾਮੈ ਹੀ ਤੇ ਸਭੁ ਪਰਗਟੁ ਹੋਵੈ ਨਾਮੇ ਸੋਝੀ ਪਾਈ ॥ ਬਿਨੁ ਨਾਵੈ ਭੇਖ ਕਰਹਿ ਬਹੁਤੇਰੇ ਸਚੈ ਆਪਿ ਖੁਆਈ ॥ ਸਤਿਗੁਰ ਤੇ ਨਾਮੁ ਪਾਈਐ ਅਉਧੂ ਜੋਗ ਜੁਗਤਿ ਤਾ ਹੋਈ ॥ ਕਰਿ ਬੀਚਾਰੁ ਮਨਿ ਦੇਖਹੁ ਨਾਨਕ ਬਿਨੁ ਨਾਵੈ ਮੁਕਤਿ ਨ ਹੋਈ ॥੭੨॥

ਤੇਰੀ ਗਤਿ ਮਿਤਿ ਤੂਹੈ ਜਾਣਹਿ ਕਿਆ ਕੋ ਆਖਿ ਵਖਾਣੈ ॥ ਤੂ ਆਪੇ ਗੁਪਤਾ ਆਪੇ ਪਰਗਟੁ ਆਪੇ ਸਭਿ ਰੰਗ ਮਾਣੈ ॥ ਸਾਧਿਕ ਸਿਧ ਗੁਰੂ ਬਹੁ ਚੇਲੇ ਖੋਜਤ ਫਿਰਹਿ ਫੁਰਮਾਣੈ ॥

ਮਾਗਹਿ ਨਾਮੁ ਪਾਇ ਇਹ ਭਿਖਿਆ ਤੇਰੇ ਦਰਸਨ ਕਉ ਕੁਰਬਾਣੈ ॥ ਅਬਿਨਾਸੀ ਪ੍ਰਭਿ ਖੇਲੁ ਰਚਾਇਆ ਗੁਰਮੁਖਿ ਸੋਝੀ ਹੋਈ ॥ ਨਾਨਕ ਸਭਿ ਜੁਗ ਆਪੇ ਵਰਤੈ ਦੂਜਾ ਅਵਰੁ ਨ ਕੋਈ ॥੨੩॥੧॥